ੴ ਵਾਹਿਗੁਰੂ ਜੀ ਕੀ ਫਤਹ ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ **ਅੰਤ੍ਰਿੰਗ** ਕਮੇਟੀ ਦੀ ਇਕੱਤਰਤਾ ਮਿਤੀ 10-08-2022 (26 ਸਾਵਣ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 683 ਦੀ ਨਕਲ :-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਉੱਘੇ ਸਿੱਖ ਲੇਖਕ ਡਾ. ਸਰੂਪ ਸਿੰਘ 'ਅਲੱਗ' ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ।ਡਾ. ਸਰੂਪ ਸਿੰਘ 'ਅਲੱਗ' ਸਿੱਖ ਕੌਮ ਦੀ ਚੜ੍ਹਦੀ ਕਲਾ ਲਈ ਨਿਰੰਤਰ ਕਾਰਜਸ਼ੀਲ ਵਿਦਵਾਨ ਲੇਖਕ ਸਨ।ਉਨ੍ਹਾਂ ਨੇ ਸਿੱਖ ਇਤਿਹਾਸ ਅਤੇ ਗੁਰਮਤਿ ਸਿਧਾਤਾਂ ਸਬੰਧੀ 100 ਤੋਂ ਜਿਆਦਾ ਕਿਤਾਬਾਂ ਲਿਖੀਆਂ। ਉਹ ਚੰਗੇ ਸੁਭਾਅ ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ-ਪ੍ਰਸਾਰ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਡਾ. ਸਰੂਪ ਸਿੰਘ 'ਅਲੱਗ' ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21474

ਮਿਤੀ 17-8-2022

ਉਤਾਰਾ: 1. ਸ੍ਰ. ਸੁਖਇੰਦਰਪਾਲ ਸਿੰਘ ਜੀ, 593, ਫੇਜ-2, ਅਰਬਨ ਅਸਟੇਟ, ਫੋਕਲ ਪੁਆਇੰਟ, ਜਮਾਲਪੁਰ, ਲੁਧਿਆਣਾ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

੧ੳ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 10-08-2022 (26 ਸਾਵਣ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 689 ਦੀ ਨਕਲ :-**

ਸ੍ਰ. ਸਰਵਦੀਪ ਸਿੰਘ (ਸਪੁੱਤਰ ਸ੍ਰ. ਹਰਜਿੰਦਰ ਸਿੰਘ) ਵਾਸੀ ਮੁਹੱਲਾ ਚੰਦਨ ਨਗਰ, ਕਰਤਾਰਪੁਰ (ਜਲੰਧਰ) ਨੇ ਪਿੰਡ ਰਾਮਦੀਵਾਲੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੇ ਅਨਸਰਾਂ ਨੂੰ ਅੰਮ੍ਰਿਤਸਰ ਜੇਲ੍ਹ ਵਿੱਚ ਸੋਧਾ ਲਗਾਉਣ ਵਾਲੇ ਤਿੰਨ ਸਿੰਘਾਂ ਨੂੰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਪ੍ਰਵਾਨ ਹੋਈ ਇੱਕ-ਇੱਕ ਲੱਖ ਰੁਪਏ ਸਹਾਇਤਾ ਸਬੰਧਤ ਦੇ ਉਸ ਸਮੇਂ ਜੇਲ੍ਹ ਵਿੱਚ ਹੋਣ ਕਰਕੇ ਸਹਾਇਤਾ ਪ੍ਰਾਪਤ ਨਾਂ ਕਰਨ ਦਾ ਹਵਾਲਾ ਦੇਂਦਿਆਂ ਹੁਣ ਜੇਲ੍ਹ ਵਿੱਚੋਂ ਜਮਾਨਤ ਤੇ ਬਾਹਰ ਆਉਣ ਕਰਕੇਂ ਸਹਾਇਤਾ ਪ੍ਰਾਪਤ ਕਰਨ ਦੀ ਪੁੱਜੀ ਮੰਗ, **ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸ੍ਰ. ਸਰਵਦੀਪ ਸਿੰਘ (ਸਪੁੱਤਰ ਸ੍ਰ. ਹਰਜਿੰਦਰ ਸਿੰਘ) ਵਾਸੀ ਮੁਹੱਲਾ ਚੰਦਨ ਨਗਰ, ਕਰਤਾਰਪੁਰ (ਜਲੰਧਰ) ਨੂੰ ਧਰਮ ਅਰਥ ਫੰਡ ਵਿੱਚੋਂ 1,00,000/-ਅੱਖਰੀਂ ਇੱਕ ਲੱਖ ਰੁਪਏ ਸਹਾਇਤਾ ਦੇਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21/480

ਮਿਤੀ 17-8-2022

ਉਤਾਰਾ: 1. ਆਰ.ਕੇ. ਜੀ. ਸਹਾਇਤਾ (ਟਰੱਸਟ ਬ੍ਰਾਂਚ),ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 10-08-2022 (26 ਸਾਵਣ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 704 ਦੀ ਨਕਲ :-**

ਭਾਈ ਪ੍ਰਵੀਨ ਸਿੰਘ ਪ੍ਰਚਾਰਕ ਹੈਡ ਕੁਆਟਰ ਬੁੱਢਾ ਜੌਹੜ ਗੰਗਾਨਗਰ ਦੀ ਰੀਪੋਰਟ ਅਨੁਸਾਰ ਸ੍ਰ. ਤਿਰਲੋਕ ਸਿੰਘ ਪਿੰਡ ਅਲਾਪੁਰ ਅਕਬਰਪੁਰ ਜਿਲ੍ਹਾ ਅਲਵਰ, ਰਾਜਸਥਾਨ ਦੀ ਬੇਟੀ ਸੰਦੀਪ ਕੌਰ ਉਮਰ 15 ਸਾਲ ਜੋ ਗੂੰਗੀ ਬੋਲੀ ਹੈ, ਦਾ ਗੈਂਗਰੇਪ ਹੋਣ ਕਾਰਨ ਕਈ ਮਹੀਨੇ ਇਲਾਜ ਚਲਿਆ ਹੈ। ਦੋਸ਼ੀ ਫੜੇ ਨਹੀਂ ਗਏ। ਪ੍ਰਸ਼ਾਸਨ ਵੱਲੋਂ ਪਰਿਵਾਰ ਨੂੰ ਕਿਹਾ ਜਾ ਰਿਹਾ ਹੈ ਕਿ ਜੇਕਰ ਐਕਸੀਡੈਂਟ ਕੇਸ ਮੰਨ ਲਵੋ, ਤੁਹਾਡੀ ਮਾਇਕ ਮਦਦ ਕਰ ਦਿੱਤੀ ਜਾਵੇਗੀ। ਰੀਪੋਰਟ ਰਾਹੀਂ ਬੱਚੀ ਦੇ ਪਿਤਾ ਸ੍ਰ. ਤਿਰਲੋਕ ਸਿੰਘ ਨੂੰ ਮਾਲੀ ਸਹਾਇਤਾ ਦੇਣ ਦੀ ਪੁੱਜੀ ਮੰਗ, **ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸ੍ਰ. ਤਿਰਲੋਕ ਸਿੰਘ ਪਿੰਡ ਅਲਾਪੁਰ ਅਕਬਰਪੁਰ ਜਿਲ੍ਹਾ ਅਲਵਰ, ਰਾਜਸਥਾਨ ਨੂੰ ਧਰਮ ਅਰਥ ਫੰਡ ਵਿੱਚੋਂ 2,00,000/-ਅੱਖਰੀਂ ਦੋ ਲੱਖ ਰੁਪਏ ਸਹਾਇਤਾ ਦੇਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21498

ਮਿਤੀ 17-8 -2022

ਉਤਾਰਾ:
1. ਇੰਚਾਰਜ ਜੀ ਸਿੱਖ ਮਿਸ਼ਨ, ਰਾਜਸਥਾਨ, ਬੁੱਢਾ ਜੌਹੜ, ਗੰਗਾਨਗਰ (ਰਾਜਸਥਾਨ)।
2. ਆਰ.ਕੇ.ਜੀ (ਟਰੱਸਟ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 10-08-2022 (26 ਸਾਵਣ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 709 ਦੀ ਨਕਲ :-**

ਇੰਸਪੈਕਸ਼ਨ ਬ੍ਰਾਂਚ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੀ ਰੀਪੋਰਟ ਮਿਤੀ 20-07-2022 ਅਨੁਸਾਰ ਬੀਬੀ ਗੁਰਮੀਤ ਕੌਰ (ਸੁਪਤਨੀ ਸਵ: ਸ੍ਰ. ਸੰਤੋਖ ਸਿੰਘ) ਪਿੰਡ ਕੰਬੋ ਢਾਏ ਵਾਲਾ (ਤਰਨ ਤਾਰਨ) ਦਾ ਲੜਕਾ ਨੱਛਤਰ ਸਿੰਘ 06 ਜੂਨ 1984 ਨੂੰ ਸ਼ਹੀਦ ਹੋਇਆ ਹੈ, ਮਾਤਾ ਦੇ ਦੂਸਰੇ ਪੁੱਤਰ ਵੀ ਸਵਰਗਵਾਸ ਹੋ ਗਏ ਹਨ। ਮਾਤਾ ਬਜੁਰਗ ਅਵਸਥਾ ਅਤੇ ਘਰੇਲੂ ਹਾਲਤ ਬਹੁਤ ਮਾੜੀ ਹੋਣ ਕਰਕੇ ਸਹਾਇਤਾ ਦੀ ਮੰਗ ਕੀਤੀ ਹੈ, ਮਾਮਲਾ **ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ** ਬੀਬੀ ਗੁਰਮੀਤ ਕੌਰ (ਸੁਪਤਨੀ ਸਵ: ਸ੍ਰ. ਸੰਤੋਖ ਸਿੰਘ) ਪਿੰਡ ਕੰਬੋ ਢਾਏ ਵਾਲਾ (ਤਰਨ ਤਾਰਨ) **ਸਾਹਿਬ ਨੂੰ ਧਰਮ ਅਰਥ ਫੰਡ ਵਿੱਚੋਂ 1,00,000/-ਅੱਖਰੀਂ ਇੱਕ ਲੱਖ ਰੁਪਏ ਸਹਾਇਤਾ ਦੇਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

****************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21484

ਮਿਤੀ 17-8-2022

ਉਤਾਰਾ: 1. ਆਰ.ਕੇ. ਜੀ. ਸਹਾਇਤਾ (ਟਰੱਸਟ ਬ੍ਰਾਂਚ),ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ **ਅੰਤ੍ਰਿੰਗ** ਕਮੇਟੀ ਦੀ ਇਕੱਤਰਤਾ ਮਿਤੀ 10-08-2022 (26 ਸਾਵਣ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 730 ਦੀ ਨਕਲ :-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਦੀ ਇਕੱਤਰਤਾ ਮਹਿਸੂਸ ਕਰਦੀ ਹੈ ਕਿ ਦੇਸ਼ ਦੀ ਅਜ਼ਾਦੀ ਦੇ 75 ਵਰ੍ਹੇ ਬੀਤ ਜਾਣ ਬਾਅਦ ਵੀ ਆਪਣੇ ਹੀ ਦੇਸ਼ ਅੰਦਰ ਸਿੱਖ ਕੌਮ ਨਾਲ ਵਿਤਕਰਾ ਅਤੇ ਬੇਗਾਨਿਆਂ ਵਾਲਾ ਵਿਹਾਰ ਕੀਤਾ ਜਾ ਰਿਹਾ ਹੈ। ਇਸ ਦੀ ਮਿਸਾਲ ਤਿੰਨ ਦਹਾਕਿਆਂ ਤੋਂ ਦੇਸ਼ ਦੀਆਂ ਜ਼ੇਲ੍ਹਾਂ ਵਿਚ ਬੰਦ ਸਿੰਘਾਂ ਨੂੰ ਉਮਰ ਕੈਦ ਤੋਂ ਵੱਧ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਰਿਹਾਅ ਨਾ ਕਰਨਾ ਹੈ। ਦੇਸ਼ ਦਾ ਸੰਵਿਧਾਨ ਇਥੇ ਵੱਸਣ ਵਾਲੇ ਹਰ ਇਕ ਨਾਗਰਿਕ ਨੂੰ ਬਰਾਬਰ ਦੇ ਅਧਿਕਾਰ ਦਿੰਦਾ ਹੈ, ਪ੍ਰੰਤੂ ਸਿੱਖਾਂ ਪ੍ਰਤੀ ਸਰਕਾਰਾਂ ਦਾ ਰਵੱਈਆ ਉਨ੍ਹਾਂ ਨੂੰ ਹੱਕਾਂ ਤੋਂ ਵਾਂਝਿਆਂ ਰੱਖ ਰਿਹਾ ਹੈ। ਦੇਸ਼ ਦੀਆਂ ਜ਼ੇਲ੍ਹਾਂ ਵਿਚ ਨਜ਼ਰਬੰਦ ਸਿੰਘਾਂ ਨੂੰ ਰਿਹਾਅ ਨਾ ਕਰਨਾ, ਸਰਕਾਰਾਂ ਵੱਲੋਂ ਮਨੁੱਖੀ ਅਧਿਕਾਰਾਂ ਦਾ ਵੱਡਾ ਉਲੰਘਣ ਹੈ, ਜਿਸ ਕਾਰਨ ਪੂਰੀ ਕੌਮ ਅੰਦਰ ਭਾਰੀ ਰੋਸ ਹੈ।

ਅੰਤ੍ਰਿੰਗ ਕਮੇਟੀ ਦੀ ਇਹ ਇਕੱਤਰਤਾ ਸਰਕਾਰਾਂ ਦੇ ਇਸ ਬੇਰੁਖੀ ਭਰੇ ਰਵੱਈਏ ਦੀ ਕਰੜੀ ਨਿੰਦਾ ਕਰਦਿਆਂ ਦੇਸ਼ ਦੀ 75ਵੀਂ ਵਰ੍ਹੇਗੰਢ ਮੌਕੇ ਆਪਣਾ ਸਖ਼ਤ ਰੋਸ ਪ੍ਰਗਟ ਕਰਦੀ ਹੈ। ਅੰਤ੍ਰਿੰਗ ਕਮੇਟੀ ਮਹਿਸੂਸ ਕਰਦੀ ਹੈ ਕਿ ਦੇਸ਼ ਦੀ ਅਜ਼ਾਦੀ ਲਈ 80 ਫੀਸਦੀ ਤੋਂ ਵੱਧ ਕੁਰਬਾਨੀਆਂ ਦੇਣ ਵਾਲੇ ਸਿੱਖਾਂ ਨਾਲ ਜਾਣ ਬੁਝ ਕੇ ਵਿਤਕਰਾ ਕੀਤਾ ਜਾ ਰਿਹਾ ਹੈ। ਅੰਤ੍ਰਿੰਗ ਕਮੇਟੀ ਫੈਸਲਾ ਕਰਦੀ ਹੈ ਕਿ ਅਜ਼ਾਦੀ ਦੀ ਇਸ 75ਵੀਂ ਵਰ੍ਹੇਗੰਢ ਮੌਕੇ ਬੰਦੀ ਸਿੰਘਾਂ ਨੂੰ ਰਿਹਾਅ ਨਾ ਕਰਨ ਦੇ ਰੋਸ ਵਜੋਂ ਹਰ ਜ਼ਿਲ੍ਹਾ ਹੈੱਡਕੁਆਰਟਰ 'ਤੇ ਡਿਪਟੀ ਕਮਿਸ਼ਨਰਾਂ ਨੂੰ ਮੈਮੋਰੰਡਮ ਸੌਂਪੇ ਜਾਣਗੇ। ਇਹ ਰੋਸ ਪ੍ਰਦਰਸ਼ਨ 13 ਅਗਸਤ 2022 ਨੂੰ ਸਵੇਰ ਦੇ 10 ਵਜੇ ਕੀਤੇ ਜਾਣਗੇ। ਰੋਸ ਪ੍ਰਦਰਸ਼ਨ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਮੁਲਾਜ਼ਮ ਕਾਲੀਆਂ ਦਸਤਾਰਾਂ ਸਜਾ ਕੇ ਸ਼ਾਮਲ ਹੋਣਗੇ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21444

ਮਿਤੀ 10 - 8 -2022

ਉਤਾਰਾ:
1. ਸਕੱਤਰ ਸਾਹਿਬ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਮੀਤ ਸਕੱਤਰਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ (ਸੈਕਸ਼ਨ-85), ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਸੁਪ੍ਰਿੰਟੈਂਡੈਂਟ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।
6. ਇੰਚਾਰਜ ਜੀ (ਪਬਲੀਸਿਟੀ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ **ਅੰਤ੍ਰਿੰਗ** ਕਮੇਟੀ ਦੀ ਇਕੱਤਰਤਾ ਮਿਤੀ 10-08-2022 (26 ਸਾਵਣ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 731 ਦੀ ਨਕਲ :-

ਸਿੱਖ ਕੌਮ ਵੱਲੋਂ ਮੋਰਚਾ ਗੁਰੂ ਕਾ ਬਾਗ ਦੀ 100 ਸਾਲਾ ਸ਼ਤਾਬਦੀ ਖ਼ਾਲਸਈ ਰਵਾਇਤਾਂ ਅਨੁਸਾਰ ਮਿਤੀ 8 ਅਗਸਤ 2022 ਨੂੰ ਗੁਰਦੁਆਰਾ ਗੁਰੂ ਕਾ ਬਾਗ ਪਿੰਡ ਘੁੱਕੇਵਾਲੀ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਮਨਾਈ ਗਈ ਹੈ। ਇਸ ਸਬੰਧ ਵਿਚ 6 ਅਗਸਤ ਤੋਂ 8 ਅਗਸਤ ਤੱਕ ਵੱਖ-ਵੱਖ ਗੁਰਮਤਿ ਸਮਾਗਮ ਕੀਤੇ ਗਏ, ਜਿਨ੍ਹਾਂ ਵਿਚ ਸਿੱਖ ਪੰਥ ਦੀਆਂ ਧਾਰਮਿਕ ਜਥੇਬੰਦੀਆਂ, ਨਿਹੰਗ ਸਿੰਘ ਸੰਪ੍ਰਦਾਵਾਂ, ਦਮਦਮੀ ਟਕਸਾਲ, ਸਭਾ-ਸੁਸਾਇਟੀਆਂ, ਕਾਰ ਸੇਵਾ ਵਾਲੇ ਮਹਾਂਪੁਰਖਾਂ, ਸੇਵਾ ਪੰਥੀ ਅਤੇ ਸਿੱਖ ਮਿਸ਼ਨਰੀ ਸੰਸਥਾਵਾਂ ਸਮੇਤ ਸੰਗਤਾਂ ਨੇ ਭਰਵਾਂ ਸਹਿਯੋਗ ਦਿੱਤਾ ਅਤੇ ਲੱਖਾਂ ਦੀ ਗਿਣਤੀ ਵਿਚ ਸ਼ਮੂਲੀਅਤ ਕੀਤੀ।

ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮੋਰਚਾ ਗੁਰੂ ਕਾ ਬਾਗ ਦੀ ਸ਼ਤਾਬਦੀ ਮੌਕੇ ਸਹਿਯੋਗ ਕਰਨ ਵਾਲੀਆਂ ਧਾਰਮਿਕ ਜਥੇਬੰਦੀਆਂ, ਨਿਹੰਗ ਸਿੰਘ ਸੰਪ੍ਰਦਾਵਾਂ, ਦਮਦਮੀ ਟਕਸਾਲ, ਸਭਾ-ਸੁਸਾਇਟੀਆਂ, ਕਾਰ ਸੇਵਾ ਵਾਲੇ ਮਹਾਂਪੁਰਖਾਂ, ਸੇਵਾ ਪੰਥੀ ਅਤੇ ਸਿੱਖ ਮਿਸ਼ਨਰੀ ਸੰਸਥਾਵਾਂ ਸਮੇਤ ਸੰਗਤਾਂ ਦਾ ਹਾਰਦਿਕ ਤੌਰ 'ਤੇ ਧੰਨਵਾਦ ਕਰਦੀ ਹੈ ਅਤੇ ਭਵਿੱਖ ਵਿਚ ਵੀ ਇਸੇ ਤਰ੍ਹਾਂ ਹੀ ਭਰਵੇਂ ਸਹਿਯੋਗ ਦੀ ਆਸ ਕਰਦੀ ਹੈ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21502

ਮਿਤੀ 17-8-2022

ਉਤਾਰਾ:
1. ਮੀਤ ਸਕੱਤਰ ਜੀ ਧਰਮ ਪ੍ਰਚਾਰ ਕਮੇਟੀ।
2. ਇੰਚਾਰਜ ਜੀ (ਸ਼ਤਾਬਦੀਆਂ ਬ੍ਰਾਂਚ) ਧਰਮ ਪ੍ਰਚਾਰ ਕਮੇਟੀ-ਪਾਸ ਸਮਾਗਮ ਵਿੱਚ ਸਮੂਲੀਅਤ ਕਰਨ ਵਾਲੀਆਂ ਜਥੇਬੰਦੀਆਂ ਅਤੇ ਪਤਵੰਤੇ ਸੱਜਣਾਂ ਨੂੰ ਮਤੇ ਦੀ ਕਾਪੀ ਭੇਜਣ ਹਿੱਤ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।